# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 21-05-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ 23 ਅਤੇ 24 ਮਈ ਨੂੰ ਚੋਣ ਪ੍ਰਚਾਰ ਲਈ ਪੰਜਾਬ ਆ ਰਹੇ ਨੇ ਅਤੇ 23 ਮਈ ਨੂੰ ਉਹ ਪਟਿਆਲਾ ਅਤੇ 24 ਮਈ ਨੂੰ ਜਲੰਧਰ ਤੇ ਗੁਰਦਾਸਪੁਰ ਵਿਚ ਰੈਲੀ ਕਰਨਗੇ। ਪ੍ਰਧਾਨ ਮੰਤਰੀ ਦੀ ਸੁਰੱਖਿਆ ਨੂੰ ਲੈ ਕੇ ਵੱਖ-ਵੱਖ ਏਜੰਸੀਆਂ ਨੇ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਨੇ। ਸਥਾਨਕ ਪੁਲਿਸ ਨੇ ਪਹਿਲਾਂ ਹੀ ਅਲਰਟ ਜਾਰੀ ਕਰ ਦਿੱਤਾ ਏ ਅਤੇ ਗੁਜਰਾਤ ਪੁਲਿਸ ਦੀਆਂ ਦੋ ਕੰਪਨੀਆਂ ਵੀ ਜਲੰਧਰ ਪਹੁੰਚ ਗਈਆਂ ਨੇ। ਪੀ ਐਮ ਮੋਦੀ ਦੀ ਪੰਜਾਬ ਰੈਲੀ ਦੇ ਮੱਦੇਨਜ਼ਰ ਹਥਿਆਰਾਂ ਨਾਲ ਲੈਸ ਗੁਜਰਾਤ ਪੁਲਿਸ ਦੀਆਂ ਦੋ ਕੰਪਨੀਆਂ ਬੀਤੇ ਦਿਨ

ਰੇਲ ਗੱਡੀ ਰਾਹੀਂ ਜਲੰਧਰ ਪਹੁੰਚੀਆਂ । ਹਲਕਿਆਂ ਮੁਤਾਬਕ ਸ੍ਰੀ ਮੋਦੀ ਦੀ ਰੈਲੀ ਦੀ ਪੂਰੀ ਨਿਗਰਾਨੀ ਗੁਜਰਾਤ ਪੁਲਿਸ ਦੇ ਹੱਥ ਵਿੱਚ ਹੋਵੇਗੀ । ਹਾਲਾਂਕਿ ਅਧਿਕਾਰੀਆਂ ਦਾ ਕਹਿਣਾ ਏ ਕਿ ਚੋਣਾਂ ਲਈ ਬਾਹਰਲੇ ਸੂਬਿਆਂ ਤੋਂ ਪੁਲਿਸ ਕੰਪਨੀਆਂ ਪੰਜਾਬ ਆ ਰਹੀਆਂ ਨੇ । ਪ੍ਰਾਪਤ ਜਾਣਕਾਰੀ ਅਨੁਸਾਰ 19 ਮਈ ਨੂੰ ਗੁਜਰਾਤ ਤੋਂ ਆਧੁਨਿਕ ਹਥਿਆਰਾਂ ਨਾਲ ਲੈਸ ਭਾਰੀ ਫੋਰਸ ਜਲੰਧਰ ਪਹੁੰਚੀ ਸੀ । ਉਕਤ ਕੰਪਨੀਆਂ ਦੂਜੇ ਰਾਜਾਂ ਵਿੱਚ ਚੋਣਾਂ ਕਰਵਾਉਣ ਤੋਂ ਬਾਅਦ ਪੰਜਾਬ ਆਈਆਂ ਨੇ । ਸੰਭਾਵਨਾ ਏ ਕਿ ਉਹ 4 ਜੂਨ ਤੋਂ ਬਾਅਦ ਵਾਪਸ ਚਲੀਆਂ ਜਾਣਗੀਆਂ । ਜ਼ਿਕਰਯੋਗ ਏ ਕਿ ਗੁਜਰਾਤ ਪੁਲਿਸ ਦੀਆਂ ਕੁੱਲ 7 ਕੰਪਨੀਆਂ ਪੰਜਾਬ ਪਹੁੰਚ ਚੁੱਕੀਆਂ ਨੇ । ਜਿਨ੍ਹਾਂ ਨੂੰ ਪ੍ਰਧਾਨ ਮੰਤਰੀ ਦੇ ਦੌਰੇ ਦੇ ਮੱਦੇਨਜ਼ਰ ਵੱਖ-ਵੱਖ ਜ਼ਿਲ੍ਹਿਆਂ ਵਿੱਚ ਭੇਜਿਆ ਗਿਆ ਏ ।

---------------------------------------------------

ਸ੍ਰੀ ਆਨੰਦਪੁਰ ਸਾਹਿਬ ਤੋਂ ਭਾਜਪਾ ਦੇ ਉਮੀਦਵਾਰ ਡਾ: ਸੁਭਾਸ਼ ਸ਼ਰਮਾ ਨੇ ਪੰਜਾਬ ਵਿੱਚ ਵਿਗੜ ਰਹੀ ਅਮਨ-ਕਾਨੂੰਨ ਦੀ ਸਥਿਤੀ ਨੂੰ ਲੈ ਕੇ ਆਮ ਆਦਮੀ ਪਾਰਟੀ ਦੀ ਤਿੱਖੀ ਆਲੋਚਨਾ ਕੀਤੀ ਏ। ਚੋਣ ਪ੍ਰਚਾਰ ਦੌਰਾਨ ਸ੍ਰੀ ਆਨੰਦਪੁਰ ਸਾਹਿਬ ਵਿਖੇ ਵੱਖ-ਵੱਖ ਜਨ ਸਭਾਵਾਂ ਨੂੰ ਸੰਬੋਧਨ ਕਰਦਿਆਂ ਉਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਕਾਰਜਕਾਲ ਦੌਰਾਨ ਸੂਬੇ ਵਿੱਚ ਅਮਨ-ਕਾਨੂੰਨ ਪੂਰੀ ਤਰ੍ਹਾਂ ਨਾਲ ਢਹਿ ਢੇਰੀ ਹੋ ਗਿਆ ਏ ਅਤੇ ਕਤਲ, ਲੁੱਟਾਂ-ਖੋਹਾਂ, ਜਬਰੀ ਵਸੂਲੀ ਤੇ ਗੈਂਗ ਵਾਰ ਹੋ ਰਹੇ ਨੇ। ਪੰਜਾਬ ਸਰਕਾਰ ਅਜਿਹੀਆਂ ਘਟਨਾਵਾਂ 'ਤੇ ਨਕੇਲ ਕੱਸਣ 'ਚ ਪੂਰੀ ਤਰ੍ਹਾਂ ਨਾਕਾਮ ਰਹੀ ਏ। ਉਨ੍ਹਾਂ ਕਿਹਾ ਕਿ ਕਦੇ ਯੂਪੀ ਨੂੰ ਅਪਰਾਧਿਕ ਘਟਨਾਵਾਂ ਲਈ ਬਦਨਾਮ ਮੰਨਿਆ ਜਾਂਦਾ ਸੀ ਪਰ ਅੱਜ ਯੋਗੀ ਸਰਕਾਰ ਨੇ ਉੱਥੇ ਸੁਸ਼ਾਸਨ ਸਥਾਪਿਤ ਕੀਤਾ ਏ। ਡਾ: ਸ਼ਰਮਾ ਨੇ

ਪੰਜਾਬ ਦੇ ਮੁੱਖ ਮੰਤਰੀ ਨੂੰ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿਤਿਆਨਾਥ ਤੋਂ ਸਿਖਲਾਈ ਲੈਣ ਦਾ ਸੁਝਾਅ ਦਿੱਤਾ।

---------------------------------------------------------

ਲੁਧਿਆਣਾ ਸੰਸਦੀ ਹਲਕੇ ਦੇ ਜਨਰਲ ਅਬਜ਼ਰਵਰ ਦਿਵਿਆ ਮਿੱਤਲ ਨੇ ਗਿੱਲ ਵਿਧਾਨਸਭਾ ਹਲਕੇ ਅਧੀਨ ਪੈਂਦੇ ਸੰਵੇਦਨਸ਼ੀਲ ਤੇ ਮਾਡਲ ਪੋਲਿੰਗ ਸਟੇਸ਼ਨਾਂ 'ਤੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ। ਗਿੱਲ ਹਲਕਾ ਲੁਧਿਆਣਾ ਸੰਸਦੀ ਹਲਕੇ ਦਾ ਖਰਚਾ ਸੰਵੇਦਨਸ਼ੀਲ ਵਿਧਾਨ ਸਭਾ ਖੇਤਰ ਏ। ਸਹਾਇਕ ਰਿਟਰਨਿੰਗ ਅਫ਼ਸਰ ਰਣਦੀਪ ਸਿੰਘ ਹੀਰ, ਸਹਾਇਕ ਕਮਿਸ਼ਨਰ ਕ੍ਰਿਤਿਕਾ ਗੋਇਲ ਨੇ ਦਿਵਿਆ ਮਿੱਤਲ ਦੇ ਨਾਲ ਸਰਕਾਰੀ ਮਿਡਲ ਸਕੂਲ ਜੱਸੀਆਂ ਅਤੇ ਰਾਜਪੁਰ ਪਿੰਡ ਦੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਵਿੱਚ ਸਥਾਪਿਤ ਸੰਵੇਦਨਸ਼ੀਲ ਪੋਲਿੰਗ ਸਟੇਸ਼ਨਾਂ ਦਾ ਦੌਰਾ ਕੀਤਾ। ਦਿਵਿਆ ਮਿੱਤਲ ਨੇ ਪੋਲਿੰਗ ਸਟੇਸ਼ਨਾਂ 'ਤੇ

ਸੁਰੱਖਿਆ ਮੁਲਾਜ਼ਮਾਂ ਦੀ ਤਾਇਨਾਤੀ, ਈ.ਵੀ.ਐਮਜ ਦੀ ਢੋਆ-ਢੁਆਈ ਅਤੇ ਪੋਲਿੰਗ ਸਟਾਫ ਅਤੇ ਵੋਟਰਾਂ ਦੀਆਂ ਸਹੂਲਤਾਂ ਬਾਰੇ ਜਾਣਕਾਰੀ ਲਈ।

---------------------------------------------------

ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਹੁਸ਼ਿਆਰਪੁਰ ਦੇ ਜ਼ਿਲ੍ਹਾ ਚੋਣ ਅਫ਼ਸਰ-ਕਮ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਦੇ ਨਿਰਦੇਸ਼ਾਂ ’ਤੇ ਸਰਵਾਨੰਦ ਗਿਰੀ ਰਿਜਨਲ ਕੈਂਪਸ ਵਿਖੇ ਸਵੀਪ ਗਤੀਵਿਧੀਆਂ ਤਹਿਤ ਵੋਟਰਾਂ ਨੂੰ ਜਾਗਰੂਕ ਕਰਨ ਲਈ ਮੈਗਾ ਵੋਟਰ ਮੇਲਾ ਕਰਵਾਇਆ ਗਿਆ। ਖ਼ਰਚਾ ਅਬਜਰਵਰ ਪਵਨ ਕੁਮਾਰ ਖੈਤਾਨ ਮੁੱਖ ਮਹਿਮਾਨ ਅਤੇ ਵਧੀਕ ਡੀ ਸੀ ਜਨਰਲ ਰਾਹੁਲ ਚਾਵਾਂ ਵਿਸ਼ੇਸ਼ ਮਹਿਮਾਨ ਰਹੇ। ਹੁਸ਼ਿਆਰਪੁਰ ਦੇ 7 ਵਿਧਾਨ ਸਭਾ ਹਲਕਿਆਂ ਵੱਲੋਂ ਆਪੋ ਆਪਣੇ ਵਿਧਾਨਸਭਾ ਹਲਕਿਆਂ ਦੀ

ਖ਼ਾਸੀਅਤ ਦਰਸਾਉਂਦੀਆਂ 7 ਪ੍ਰਦਰਸ਼ਨੀਆਂ ਲਗਾਈਆਂ ਗਈਆਂ। ਇੱਕ ਲਿੰਕ ਬੂਥ ਵੀ ਬਣਾਇਆ ਗਿਆ ਜਿਹੜਾ ਸਾਰੇ ਦਾ ਸਾਰਾ ਔਰਤਾਂ ਵੱਲੋਂ ਬਣਾਇਆ ਗਿਆ ਅਤੇ ਔਰਤਾਂ ਵੱਲੋਂ ਹੀ ਇਸ ਦਾ ਪ੍ਰਬੰਧ ਕੀਤਾ ਗਿਆ। ਇਸ ਦੇ ਨਾਲ ਹੀ ਚੁਗਿਰਦੇ ਪੱਖੀ ਗ੍ਰੀਨ ਬੂਥ ਵੀ ਬਣਾਇਆ ਗਿਆ ਜਿਸ ਤੇ ਸਾਰੀਆਂ ਹੀ ਕੁਦਰਤੀ ਵਸਤਾਂ ਦਾ ਇਸਤੇਮਾਲ ਕੀਤਾ ਗਿਆ ਸੀ ਅਤੇ ਇਸ ਰਾਹੀਂ ਵਾਤਾਵਰਣ ਬਚਾਉਣ ਦਾ ਸੁਨੇਹਾ ਦਿਤਾ ਗਿਆ। ਵੱਖ ਵੱਖ ਪੰਜਾਬੀ ਵਿਰਸੇ ਨੂੰ ਦਰਸਾਉਂਦੇ ਸੱਭਿਆਚਾਰਕ ਵਸਤਾਂ ਨਾਲ ਸੱਜੇ ਪੰਡਾਲ ਕਿਸੇ ਪੁਰਾਣੇ ਪੰਜਾਬ ਦੀ ਯਾਦ ਦਵਾ ਰਹੇ ਸਨ।

---------------------------------------------------------

ਬਰਨਾਲਾ ਦੇ ਜ਼ਿਲ੍ਹਾ ਚੋਣ ਅਫ਼ਸਰ ਕਮ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਦੇ ਦਿਸ਼ਾ ਨਿਰਦੇਸ਼ ਅਧੀਨ ਜ਼ਿਲ੍ਹੇ ਭਰ ਵਿੱਚ ਵੱਖ-ਵੱਖ ਸਵੀਪ

ਗਤੀਵਿਧੀਆਂ ਦਾ ਆਯੋਜਨ ਕੀਤਾ ਜਾ ਰਿਹਾ ਏ। ਇਨ੍ਹਾਂ ਤਹਿਤ ਜ਼ਿਲ੍ਹਾ ਸਵੀਪ ਟੀਮ ਨੇ ਪੰਜਾਬ ਮਲਟੀਪਰਪਜ ਇੰਸਟੀਚਿਊਟ ਸ਼ਹਿਣਾ ਵਿਖੇ ਨੌਜਵਾਨ ਵੋਟਰਜ ਨੂੰ ਪਹਿਲੀ ਜੂਨ ਨੂੰ ਹੋਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਵੱਧ ਤੋਂ ਵੱਧ ਭਾਗੀਦਾਰੀ ਵਧਾਉਣ ਲਈ ਅਤੇ ਬਿਨਾਂ ਕਿਸੇ ਲਾਲਚ ਦੇ ਵੋਟ ਪਾਉਣ ਲਈ ਜਾਗਰੂਕ ਕੀਤਾ। ਟੀਮ ਨੇ ਨੌਜਵਾਨਾਂ ਨੂੰ ਆਪਣੇ ਵੋਟ ਦੇ ਅਧਿਕਾਰ ਨੂੰ ਸਮਝਣ ਦੀ ਅਪੀਲ ਕੀਤੀ ਅਤੇ ਦੱਸਿਆ ਕਿ ਕਿਵੇਂ ਉਹ ਆਪਣੀ ਵੋਟ ਦੀ ਸੁਵਰਤੋਂ ਕਰਕੇ ਦੇਸ਼ ਦੀ ਲਈ ਚੰਗੇ ਲੀਡਰ ਚੁਣ ਕੇ ਆਪਣਾ ਭਵਿੱਖ ਸੁਆਰ ਸਕਦੇ ਨੇ। ਸਾਨੂੰ ਵੋਟ ਕਰਨਾ ਆਪਣਾ ਕਰਤੱਵ ਅਤੇ ਇਸਦੀ ਮਹੱਤਤਾ ਨੂੰ ਸਮਝਦੇ ਹੋਏ ਆਪ ਵੋਟ ਕਰਨਾ ਤੇ ਹੋਰਾਂ ਨੂੰ ਵੀ ਵੋਟ ਪਾਉਣ ਲਈ ਕਹਿਣਾ ਚਾਹੀਦਾ ਏ। ਸਵੀਪ ਟੀਮ ਨੇ ਵੋਟਾਂ ਵਾਲੇ ਦਿਨ ਗਰਮੀ ਨੂੰ ਧਿਆਨ ਵਿੱਚ ਰੱਖਦੇ ਹੋਏ ਚੋਣ ਕਮਿਸ਼ਨ ਵਲੋਂ ਦਿੱਤੀਆ ਜਾਣ ਵਾਲੀਆਂ ਸਹੂਲਤਾਂ ਬਾਰੇ ਜਾਣੂ ਕਰਵਾਇਆ।

------------------------------------------------------------

ਪੰਜਾਬ ਵਿਚ ਝੁਲਸਾ ਦੇਣ ਵਾਲੀ ਗਰਮੀ ਦਾ ਕਹਿਰ ਜਾਰੀ ਏ । ਮੌਸਮ ਵਿਭਾਗ ਨੇ ਸੂਬੇ ਦੇ 10 ਜ਼ਿਲ੍ਹਿਆਂ ਅੰਮ੍ਰਿਤਸਰ, ਤਰਨਤਾਰਨ, ਫਿਰੋਜ਼ਪੁਰ, ਫਾਜ਼ਿਲਕਾ, ਫਰੀਦਕੋਟ, ਮੁਕਤਸਰ, ਮੋਗਾ, ਬਠਿੰਡਾ, ਬਰਨਾਲਾ ਅਤੇ ਮਾਨਸਾ ਵਿਚ ਅੱਜ ਤੋਂ 24 ਮਈ ਤਕ ਰੇਡ ਅਲਰਟ ਜ਼ਾਰੀ ਕੀਤਾ ਏ । ਇਸ ਦੌਰਾਨ ਜਬਰਦਸਤ ਗਰਮੀ ਦੀ ਲਹਿਰ ਦਾ ਸਾਹਮਣਾ ਕਰਨਾ ਪੈ ਸਕਦਾ ਏ । ਇਸ ਦਾ ਅਸਰ ਆਉਣ ਵਾਲੇ ਕਈ ਦਿਨਾਂ ਤੱਕ ਵੀ ਦਿਖਾਈ ਦੇਵੇਗਾ । ਗਰਮੀ ਦੇ ਕਹਿਰ ਦਰਮਿਆਨ ਬਠਿੰਡਾ ਵਿੱਚ ਕਲ ਦੂਜੇ ਦਿਨ ਵੀ ਤਾਪਮਾਨ ਸਭ ਤੋਂ ਵੱਧ 46 ਅਸ਼ਰੀਆ 7 ਡਿਗਰੀ ਸੈਲਸੀਅਸ ਰਿਕਾਰਡ ਕੀਤਾ ਗਿਆ । ਕੌਮੀ ਆਫ਼ਤ ਪ੍ਰਬੰਧਨ ਅਥਾਰਿਟੀ ਨੇ ਲੂ ਦੇ ਇਸ ਗੰਭੀਰ ਹਾਲਾਤ ਨੂੰ ਵੇਖਦਿਆਂ ਲੋਕਾਂ ਨੂੰ ਪੂਰੀ ਸਾਵਧਾਨੀ ਵਰਤਣ, ਪਾਣੀ ਜਾਂ ਓ.ਆਰ.ਐਸ

ਦਾ ਘੋਲ ਲਗਾਤਾਰ ਪੀਂਦੇ ਰਹਿਣ, ਜਰੂਰੀ ਹੋਣ ਤੇ ਹੀ ਘਰੋਂ ਬਾਹਰ ਨਿਕਲਣ, ਖਾਸਤੌਰ ਤੇ ਸਿੱਧੀ ਧੁੱਪ ਵਿਚ ਬਾਹਰ ਨਿਕਲਣ ਤੋਂ ਬਚਣ, ਛਾਂ ਵਿੱਚ ਰਹਿਣ ਅਤੇ ਸਵੇਰੇ 11 ਤੋਂ ਸ਼ਾਮ 4 ਵਜੇ ਤਕ ਬਾਹਰ ਜਾਣ ਤੋਂ ਪਰਹੇਜ ਕਰਨ ਦੀ ਸਲਾਹ ਦਿੱਤੀ ਏ।